ਦਫ਼ਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ, ਐਸ ਏ ਐਸ ਨਗਰ

ਕੰਪ:ਪੰ ਸ ਸ ਬ, ਈ ਬਲਾਕ, 6ਵੀ ਮੰਜਿਲ, ਫੇਜ਼:8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰ : ਟਰਾਂਸਫਰਸੈੱਲ/2024666102/9 ਮਿਤੀ:ਐਸ.ਏ ਐਸ ਨਗਰ: 04-09-2024

1 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕਾਂ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਹਨ।

2 ਸਾਲ 2024 ਵਿੱਚ ਆਮ ਬਦਲੀਆਂ ਦੌਰਾਨ ਪੋਰਟਲ ਰਾਹੀਂ ਜੋ ਅਧਿਆਪਕ ਜਿਲ੍ਹੇ ਦੇ ਅੰਦਰ (Within District), ਜਿਲ੍ਹੇ ਤੋਂ ਬਾਹਰ (Inter District) ਅਤੇ ਆਪਸੀ (Mutual) ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ ਉਹਨਾਂ ਦੀ ਬਦਲੀ ਦੇ ਹੁਕਮ ਉਹਨਾਂ ਦੀ ਈ-ਪੰਜਾਬ ਆਈ.ਡੀ ਤੇ ਕ੍ਰਮਵਾਰ ਮਿਤੀ 29.08.2024, 31.08.2024 ਅਤੇ 03.09.2024 ਨੂੰ ਅਪਲੋਡ ਕਰ ਦਿੱਤੇ ਗਏ ਹਨ।

3. ਵਿਭਾਗ ਵਲੋਂ ਬਦਲੀਆਂ ਦੇ ਅਗਲੇ ਗੇੜ ਦੌਰਾਨ, 6635 ਭਰਤੀ ਅਧੀਨ ਨਿਯੁਕਤ ਹੋਏ ਈਟੀਟੀ ਟੀਚਰ ਜਿੰਨਾਂ ਦਾ ਪਰਖਕਾਲ ਸਮਾਂ ਅਜੇ ਕਲੀਅਰ ਨਹੀ ਹੈ, ਨੂੰ ਸਰਕਾਰ ਵੱਲੋਂ ਕੀਤੇ ਫੈਸਲੇ ਅਨੁਸਾਰ ਬਦਲੀ ਕਰਵਾਉਣ ਲਈ ਇੱਕ ਸਪੈਸ਼ਲ ਮੌਕਾ ਦਿੱਤਾ ਜਾਂਦਾ ਹੈ।

4. ਲੜੀ ਨੰ:3 ਅਨੁਸਾਰ ਜਿਹੜੇ ਅਧਿਆਪਕ ਜੋ ਬਦਲੀ ਕਰਵਾਉਣਾ ਚਾਹੁੰਦੇ ਹਨ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ General Details, Results, Service Record ਮਿਤੀ 04.09.2024 ਨੂੰ ਭਰ ਸਕਦੇ ਹਨ।

5. ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਜਾਣਾ ਹੈ ਉਸ ਦੀ ਤਸਦੀਕ ਡੀ.ਡੀ.ਓ ਵਲੋਂ ਮਿਤੀ 05.09.2024 ਨੂੰ ਕੀਤੀ ਜਾਣੀ ਹੈ। ਇਸ ਮੰਤਵ ਲਈ ਡੀ.ਡੀ.ਓ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ Staff Menu ਵਿੱਚ ਦਿੱਤੇ ਲਿੰਕ Transfer and Verification ਤੇ ਜਾ ਕੇ ਦਰਖਾਸਤਕਰਤਾ ਵਲੋਂ ਭਰੇ ਡਾਟਾ ਦੀ ਵੈਰੀਫੀਕੇਸਨ ਕਰਨਗੇ ਅਤੇ ਯਕੀਨੀ ਬਣਾਉਣਗੇ ਕਿ ਇਹ ਦਰਖਾਸਤਸਕਰਤਾ ਵੈਰੀਫਿਕੇਸ਼ਨ ਉਪਰੰਤ ਜੇਕਰ ਰਿਕਾਰਡ ਅਨੁਸਾਰ ਬਿਨੈਕਾਰ ਦੇ ਡਾਟਾ ਵਿੱਚ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਡੀ.ਡੀ.ਓ ਉਸ ਨੂੰ ਆਪਣੀ ਤਸੱਲੀ ਕਰਨ ਉਪਰੰਤ ਦਰੁੱਸਤ ਕਰਨਾ ਯਕੀਨੀ ਬਣਾਉਣਗੇ। ਇਹ ਵੀ ਯਕੀਨੀ ਬਣਾਉਣਗੇ ਕਿ ਅਪਲਾਈ ਕਰਨ ਵਾਲੇ ਅਧਿਆਪਕ 6635 ਈਟੀਟੀ ਭਰਤੀ ਨਾਲ ਸਬੰਧਤ ਹਨ। ਡੀ.ਡੀ.ਓ ਡਾਟਾ ਵੈਰੀਫਿਕੇਸਨ ਕਰਨ ਉਪਰੰਤ Approve ਦਾ ਬਟਨ ਦਬਾਉਣਗੇ।

6. ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ।

7. ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

**ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ**